**ਆਸਾ ਮਹਲਾ ੫ ॥ ਅਉਖਧੁ ਖਾਇਓ ਹਰਿ ਕੋ ਨਾਉ ॥ ਸੁਖ ਪਾਏ ਦੁਖ ਬਿਨਸਿਆ ਥਾਉ ॥ ੧॥ ਤਾਪੁ ਗਇਆ ਬਚਨਿ ਗੁਰ ਪੂਰੇ ॥ ਅਨਦੁ ਭਇਆ ਸਭਿ ਮਿਟੇ ਵਿਸੂਰੇ ॥੧॥ ਰਹਾਉ ॥ ਜੀਅ ਜੰਤ ਸਗਲ ਸੁਖੁ ਪਾਇਆ ॥ ਪਾਰਬ੍ਰਹਮੁ ਨਾਨਕ ਮਨਿ ਧਿਆਇਆ ॥੨॥੩੨॥** {ਪੰਨਾ 378}

ਪਦਅਰਥ:- ਅਉਖਧੁ—ਦਵਾਈ। ਕੋ—ਦਾ। ਦੁਖ ਥਾਉ—ਦੁਖਾਂ ਦਾ ਥਾਂ, ਦੁੱਖਾਂ ਦਾ ਸੋਮਾ (ਮਾਇਆ ਦਾ ਮੋਹ)।1।

ਬਚਿਨ—ਬਚਨ ਦੀ ਰਾਹੀਂ, ਉਪਦੇਸ਼ ਨਾਲ। ਅਨਦੁ—ਅਨੰਦ। ਸਭਿ—ਸਾਰੇ। ਵਿਸੂਰੇ—ਚਿੰਤਾ, ਫ਼ਿਕਰ।1। ਰਹਾਉ।

ਜੀਅ—{ਲਫ਼ਜ਼ 'ਜੀਉ' ਤੋਂ ਬਹੁ-ਵਚਨ}। ਸਗਲ—ਸਾਰੇ। ਮਨਿ—ਮਨ ਵਿਚ।2।

ਅਰਥ:- (ਹੇ ਭਾਈ!) ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ-ਦਵਾਈ ਖਾਧੀ (ਉਸ ਦੇ ਅੰਦਰੋਂ ਮਾਇਆ ਦਾ ਮੋਹ) ਦੁੱਖਾਂ ਦਾ ਸੋਮਾ ਸੁੱਕ ਗਿਆ ਅਤੇ ਉਸ ਨੇ ਆਤਮਕ ਆਨੰਦ ਮਾਣ ਲਏ।1।

(ਹੇ ਭਾਈ!) ਪੂਰੇ ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ (ਨਾਮ-ਦਵਾਈ ਖਾ ਕੇ ਮਾਇਆ ਦੇ ਮੋਹ ਦਾ) ਤਾਪ ਲਹਿ ਜਾਂਦਾ ਹੈ, ਆਤਮਕ-ਆਨੰਦ ਪੈਦਾ ਹੁੰਦਾ ਹੈ, ਸਾਰੇ ਚਿੰਤਾ ਫ਼ਿਕਰ ਮਿਟ ਜਾਂਦੇ ਹਨ।1। ਰਹਾਉ।

ਹੇ ਨਾਨਕ! (ਗੁਰੂ ਦੇ ਉਪਦੇਸ਼ ਰਾਹੀਂ) ਜਿਸ ਜਿਸ ਮਨੁੱਖ ਨੇ ਪਰਮਾਤਮਾ ਨੂੰ ਆਪਣੇ ਮਨ ਵਿਚ ਸਿਮਰਿਆ, ਉਹਨਾਂ ਸਭਨਾਂ ਨੇ ਆਤਮਕ ਆਨੰਦ ਪ੍ਰਾਪਤ ਕੀਤਾ।2। 32।